# ਪੰਜਾਬੀ ਵਿਕਾਸ ਮੰਚ (ਕਾਨੂੰਨੀ)

(ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੀ ਸ਼ਾਖਾ)

ਹਵਾਲਾ ਨੰ: 64 ਮਿਤੀ: 08. 06. 2022


0)C

**ਕਾਨੂੰਨੀ ਸਲਾਹਕਾਰ / ਵਕੀਲ**

**ਸ੍ਰੀ ਹਰੀ ਚੰਦ ਅਰੋੜਾ**
ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ
ਮੋ.: 98140-13764

**ਸ੍ਰੀ ਹਰੀਸ਼ ਰਾਏ ਢਾਂਡਾ**
ਲੁਧਿਆਣਾ
ਮੋ.: 98141-20300

**ਸ੍ਰੀ ਮਿੱਤਰ ਸੈਨ ਮੀਤ**
ਲੁਧਿਆਣਾ
ਮੋ.: 98556-31777

**ਸੰਚਾਲਕ**

**ਸ੍ਰ ਦਵਿੰਦਰ ਸਿੰਘ ਸੇਖਾ**
ਮੋ.: 98140-70581

**ਪ੍ਰੋ ਇੰਦਰਪਾਲ ਸਿੰਘ**
ਮੋ.: 82838-11912

**ਸ੍ਰ ਸੁਖਇੰਦਰ ਪਾਲ ਸਿੰਘ**
ਮੋ.: +1 (780) 884 0788

**ਸ੍ਰ ਆਰ. ਪੀ. ਸਿੰਘ**
ਮੋ.: 97790 48083


ਸੇਵਾ ਵਿਖੇ

ਮੁੱਖ ਕਮਿਸ਼ਨਰ

ਪੰਜਾਬ ਲੋਕ ਸੂਚਨਾ ਕਮਿਸ਼ਨ

ਚੰਡੀਗੜ੍ਹ

ਵਿਸ਼ਾ: ਦਫ਼ਤਰ ਦਾ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕਰਨ ਦੇ ਨਾਲ-ਨਾਲ ਵਿਭਾਗ ਦੀ ਵੈਬਸਾਈਟ ਤੇ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਵਾਉਣ ਸਬੰਧੀ।

ਹਵਾਲਾ: ਕਮਿਸ਼ਨ ਦੇ ਪੱਤਰ ਦਾ ਪਿਠਅੰਕਣ ਨੰ:PSIC-SA-Admn(Pbi)/911 ਮਿਤੀ 27.05.2022

ਸ੍ਰੀ ਮਾਨ ਜੀ,

ਪੰਜਾਬੀ ਵਿਕਾਸ ਮੰਚ(ਕਾਨੂੰਨੀ) ਪੰਜਾਬੀ ਭਾਸ਼ਾ ਨੂੰ ਦਰਪੇਸ਼ ਸਮੱਸਿਆਵਾਂ ਨੂੰ ਕਾਨੂੰਨ ਦੀਆਂ ਵਿਵਸਥਾਵਾਂ ਰਾਹੀਂ ਸੁਲਝਾਉਣ ਲਈ ਸਥਾਪਤ ਕੀਤੀ ਗਈ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੀ ਇਕ ਸ਼ਾਖਾ ਹੈ। ਪੰਜਾਬ ਰਾਜ ਦੀ ਰਾਜ ਭਾਸ਼ਾ ਪੰਜਾਬੀ ਹੈ। ਪੰਜਾਬ ਰਾਜ ਭਾਸ਼ਾ ਕਾਨੂੰਨ 2005 ਦੀਆਂ ਵਿਵਸਥਾਵਾਂ ਪੰਜਾਬ ਸਰਕਾਰ ਦੇ ਦਫਤਰਾਂ ਅਤੇ ਅਦਾਰਿਆਂ ਵਿਚ ਹੁੰਦੇ ਦਫਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕਰਨਾ ਲਾਜ਼ਮੀ ਬਣਾਉਦੀਆਂ ਹਨ। ਇਨ੍ਹਾਂ ਵਿਵਸਥਾਵਾਂ ਦੀ ਉਲੰਘਣਾ ਕਰਕੇ ਕਮਿਸ਼ਨ ਆਪਣਾ ਸਾਰਾ ਦਫਤਰੀ ਕੰਮ ਕਾਜ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਕਰ ਰਿਹਾ ਹੈ। ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਅਤੇ ਮੰਚ ਵਲੋਂ ਕਈ ਵਾਰ ਆਪ ਜੀ ਦਾ ਇਸ ਅਣਗਹਿਲੀ ਵਲ ਧਿਆਨ ਦਵਾਇਆ ਹੈ। ਮੰਚ ਨੂੰ ਖੁਸ਼ੀ ਹੈ ਕਿ ਹੁਣ ਕਮਿਸ਼ਨ ਆਪਣਾ ਦਫਤਰੀ ਕੰਮ ਕਾਜ ਪੰਜਾਬੀ ਵਿਚ ਕਰਨ ਲਈ ਤੱਤਪਰ ਹੈ। ਕਮਿਸ਼ਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦਫਤਰੀ ਕੰਮ ਕਾਜ ਪੰਜਾਬੀ ਵਿਚ ਕਰਨ ਲਈ ਪ੍ਰੇਰਣ ਅਤੇ ਲੋੜੀਂਦੇ ਸ੍ਰੋਤਾਂ ਬਾਰੇ ਜਾਣਕਾਰੀ ਦੇਣ ਵਿਚ ਪੰਜਾਬੀ ਵਿਕਾਸ ਮੰਚ ਖੁਸ਼ੀ ਮਹਿਸੂਸ ਕਰ ਰਿਹਾ ਹੈ।